Tape/CD: 1327

# ਪੰਨਾ ੧੨੦੮

ਸਾਰਗ ਮਹਲਾ ੫ ॥ ਹਰਿ ਜਨ ਰਾਮ ਰਾਮ ਰਾਮ ਧਿਆਂਏ ॥
ਏਕ ਪਲਕ ਸੁਖ ਸਾਧ ਸਮਾਗਮ ਕੋਟਿ ਬੈਕੁੰਠਹ ਪਾਂਏ ॥ ੧ ॥
ਰਹਾਉ ॥ ਦੁਲਭ ਦੇਹ ਜਪਿ ਹੋਤ ਪੁਨੀਤਾ ਜਮ ਕੀ ਤ੍ਰਾਸ
ਨਿਵਾਰੈ ॥ ਮਹਾ ਪਤਿਤ ਕੇ ਪਾਤਿਕ ਉਤਰਹਿ ਹਰਿ ਨਾਮਾ
ਉਰਿ ਧਾਰੈ ॥ ੧ ॥ ਜੋ ਜੋ ਸੁਨੈ ਰਾਮ ਜਸੁ ਨਿਰਮਲ ਤਾ ਕਾ
ਜਨਮ ਮਰਣ ਦੁਖੁ ਨਾਸਾ ॥ ਕਹੁ ਨਾਨਕ ਪਾਈਐ ਵਡਭਾਗੀਂ
ਮਨ ਤਨ ਹੋਇ ਬਿਗਾਸਾ ॥ ੨ ॥ ੪ ॥ ੨੩ ॥

Tape/CD: 1327

# ਪੰਨਾ ੮੧੭-੮੧੮

ਬਿਲਾਵਲੁ ਮਹਲਾ ੫ ॥ ਮਨਿ ਤਨਿ ਪ੍ਰਭੁ ਆਰਾਧੀਐ ਮਿਲਿ ਸਾਧ ਸਮਾਗੈ ॥ ਉਚਰਤ ਗੁਨ ਗੋਪਾਲ ਜਸੁ ਦੂਰ ਤੇ ਜਮੁ ਭਾਗੈ ॥ ੧ ॥ ਰਾਮ ਨਾਮੁ ਜੋ ਜਨੁ ਜਪੈ ਅਨਦਿਨੁ ਸਦ ਜਾਗੈ ॥ ਤੰਤੁ ਮੰਤੁ ਨਹ ਜੋਹਈ ਤਿਤੁ ਚਾਖੁ ਨ ਲਾਗੈ ॥ ੧ ॥ ਰਹਾਉ ॥ ਕਾਮ ਕ੍ਰੋਧ ਮਦ ਮਾਨ ਮੋਹ ਬਿਨਸੇ ਅਨਰਾਗੈ ॥ ਆਨੰਦ ਮਗਨ ਰਸਿ ਰਾਮ ਰੰਗਿ ਨਾਨਕ ਸਰਨਾਗੈ ॥ ੨ ॥ ੪ ॥ ੬੮ ॥

Tape/CD: 1327

# ਪੰਨਾ ੧੨੧੭

ਸਾਰਗ ਮਹਲਾ ੫ ॥ ਕਰਹੁ ਗਤਿ ਦਇਆਲ ਸੰਤਹੁ ਮੋਰੀ ॥
ਤੁਮ ਸਮਰਥ ਕਾਰਨ ਕਰਨਾ ਤੂਟੀ ਤੁਮ ਹੀ ਜੋਰੀ ॥ ੧ ॥
ਰਹਾਉ ॥ ਜਨਮ ਜਨਮ ਕੇ ਬਿਖਈ ਤੁਮ ਤਾਰੇ ਸੁਮਤਿ ਸੰਗਿ
ਤੁਮਾਰੈ ਪਾਈ ॥ ਅਨਿਕ ਜੋਨਿ ਭ੍ਰਮਤੇ ਪ੍ਰਭ ਬਿਸਰਤ ਸਾਸਿ
ਸਾਸਿ ਹਰਿ ਗਾਈ ॥ ੧ ॥ ਜੋ ਜੋ ਸੰਗਿ ਮਿਲੈ ਸਾਧੂ ਕੈ ਤੇ ਤੇ
ਪਤਿਤ ਪੁਨੀਤਾ ॥ ਕਹੁ ਨਾਨਕ ਜਾ ਕੇ ਵਡਭਾਗਾ ਤਿਨਿ ਜਨਮੁ
ਪਦਾਰਥੁ ਜੀਤਾ ॥ ੨ ॥ ੪੨ ॥ ੬੫ ॥

Tape/CD: 1327

# ਪੰਨਾ ੧੨੦੧

ਸਾਰਗ ਮਹਲਾ ੪ ॥ ਜਪਿ ਮਨ ਮਾਧੋ ਮਧੁਸੂਦਨੋ ਹਰਿ ਸ੍ਰੀਰੰਗੋ ਪਰਮੇਸਰੋ ਸਤਿ ਪਰਮੇਸਰੋ ਪ੍ਰਭੁ ਅੰਤਰਜਾਮੀ ॥ ਸਭ ਦੂਖਨ ਕੋ ਹੰਤਾ ਸਭ ਸੂਖਨ ਕੋ ਦਾਤਾ ਹਰਿ ਪ੍ਰੀਤਮ ਗੁਨ ਗਾਉ ॥ ੧ ॥ ਰਹਾਉ ॥ ਹਰਿ ਘਟਿ ਘਟੇ ਘਟਿ ਬਸਤਾ ਹਰਿ ਜਲਿ ਥਲੇ ਹਰਿ ਬਸਤਾ ਹਰਿ ਥਾਨ ਥਾਨੰਤਰਿ ਬਸਤਾ ਮੈ ਹਰਿ ਦੇਖਨ ਕੋ ਚਾਉ ॥ ਕੋਈ ਆਵੈ ਸੰਤੋ ਹਰਿ ਕਾ ਜਨੁ ਸੰਤੋ ਮੇਰਾ ਪ੍ਰੀਤਮ ਜਨੁ ਸੰਤੋ ਮੋਹਿ ਮਾਰਗੁ ਦਿਖਲਾਵੈ ॥ ਤਿਸੁ ਜਨ ਕੇ ਹਉ ਮਲਿ ਮਲਿ ਧੋਵਾ ਪਾਉ ॥ ੧ ॥ ਹਰਿ ਜਨ ਕਉ ਹਰਿ ਮਿਲਿਆ ਹਰਿ ਸਰਧਾ ਤੇ ਮਿਲਿਆ ਗੁਰਮੁਖਿ ਹਰਿ ਮਿਲਿਆ ॥ ਮੇਰੈ ਮਨਿ ਤਨਿ ਆਨੰਦ ਭਏ ਮੈ ਦੇਖਿਆ ਹਰਿ ਰਾਉ ॥ ਜਨ ਨਾਨਕ ਕਉ ਕਿਰਪਾ ਭਈ ਹਰਿ ਕੀ ਕਿਰਪਾ ਭਈ ਜਗਦੀਸੁਰ ਕਿਰਪਾ ਭਈ ॥ ਮੈ ਅਨਦਿਨੋ ਸਦ ਸਦ ਸਦਾ ਹਰਿ ਜਪਿਆ ਹਰਿ ਨਾਉ ॥ ੨ ॥ ੩ ॥ ੧੦ ॥